# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :12-12-2025**

ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ

- ਕੇਂਦਰੀ ਮੰਤਰੀ ਮੰਡਲ ਨੇ 2027 ਦੀ ਜਨਗਣਨਾ ਲਈ 11 ਹਜ਼ਾਰ 718 ਕਰੋੜ ਦੇ ਬਜਟ ਨੂੰ ਮਨਜ਼ੂਰੀ ਦੇ ਦਿੱਤੀ ਏ।
- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬੇ ਨੂੰ ਨਿਵੇਸ਼ ਅਤੇ ਨਿਰਮਾਣ ਦੇ ਕੇਂਦਰ ਵਜੋਂ ਵਿਕਸਤ ਕਰਨ ਲਈ ਪੰਜਾਬ ਅਤੇ ਇੰਗਲੈਂਡ ਵਿਚਕਾਰ ਰਣਨੀਤਕ ਗੱਠਜੋੜ ਦੀ ਹਿਮਾਇਤ ਕੀਤੀ ਏ।
- ਪੰਜਾਬ ਚੋਣ ਕਮਿਸ਼ਨ ਨੇ ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀ ਚੋਣਾਂ ਨੂੰ ਨਿਰਪੱਖ ਅਤੇ ਪਾਰਦਰਸ਼ੀ ਢੰਗ ਨਾਲ ਕਰਵਾਉਣ ਲਈ IAS ਤੇ ਸੀਨੀਅਰ PCS ਅਧਿਕਾਰੀਆਂ ਨੂੰ ਚੋਣ ਅਬਜ਼ਰਵਰ ਨਿਯੁਕਤ ਕੀਤਾ।

• ਅੰਮ੍ਰਿਤਸਰ ਦੇ ਕਈ ਸਕੂਲਾਂ ਨੂੰ ਈਮੇਲ ਰਾਹੀਂ ਬੰਬ ਧਮਕੀਆਂ ਮਿਲਣ ਦੇ ਮੱਦੇਨਜ਼ਰ, ਪੁਲਿਸ ਕਮਿਸ਼ਨਰ ਨੇ ਸੁਰੱਖਿਆ ਨੂੰ ਯਕੀਨੀ ਬਣਾਉਂਦੇ ਹੋਏ, ਸਾਰਿਆਂ ਨੂੰ ਨਾ ਘਬਰਾਉਣ ਦੀ ਅਪੀਲ ਕੀਤੀ।

• ਕਾਂਗਰਸ ਦੇ ਸੀਨੀਅਰ ਨੇਤਾ ਅਤੇ ਸਾਬਕਾ ਕੇਂਦਰੀ ਮੰਤਰੀ ਸ਼ਿਵਰਾਜ ਪਾਟਿਲ ਦਾ ਦੇਹਾਂਤ -ਰਾਸ਼ਟਰਪਤੀ ਅਤੇ ਪ੍ਰਧਾਨ ਮੰਤਰੀ ਨੇ ਉਨ੍ਹਾਂ ਦੇ ਦੇਹਾਂਤ 'ਤੇ ਅਫਸੋਸ ਪ੍ਰਗਟ ਕੀਤਾ।

• ਭਾਰਤ ਨੇ ਮਰਦਾਂ ਦੇ ਅੰਡਰ-19 ਕ੍ਰਿਕਟ ਏਸ਼ੀਆ ਕੱਪ ਦੇ ਪਹਿਲੇ ਮੈਚ ਵਿੱਚ, ਸੰਯੁਕਤ ਅਰਬ ਅਮੀਰਾਤ ਨੂੰ 234 ਦੌੜਾਂ ਨਾਲ ਹਰਾਇਆ।

---------------------------------------------------------------

ਕੇਂਦਰੀ ਮੰਤਰੀ ਮੰਡਲ ਨੇ 2027 ਦੀ ਜਨਗਣਨਾ ਲਈ 11 ਹਜ਼ਾਰ 718 ਕਰੋੜ ਦੇ ਬਜਟ ਨੂੰ ਮਨਜ਼ੂਰੀ ਦੇ ਦਿੱਤੀ ਏ।

ਸੂਚਨਾ ਅਤੇ ਪ੍ਰਸਾਰਣ ਮੰਤਰੀ ਅਸ਼ਵਨੀ ਵੈਸ਼ਨਵ ਨੇ ਅੱਜ ਨਵੀਂ ਦਿੱਲੀ ਵਿੱਚ ਪੱਤਰਕਾਰਾਂ ਨੂੰ ਦੱਸਿਆ ਕਿ 2027 ਦੀ ਜਨਗਣਨਾ ਦੋ ਗੇੜਾਂ ਵਿੱਚ

ਕੀਤੀ ਜਾਵੇਗੀ। ਇਹ ਦੇਸ਼ ਦੀ 16ਵੀਂ ਅਤੇ ਆਜ਼ਾਦੀ ਤੋਂ ਬਾਅਦ 8ਵੀਂ ਜਨਗਣਨਾ ਹੋਵੇਗੀ। ਸ਼੍ਰੀ ਵੈਸ਼ਨਵ ਨੇ ਕਿਹਾ ਕਿ ਭਾਰਤੀ ਜਨਗਣਨਾ ਦੁਨੀਆ ਦੀ ਸਭ ਤੋਂ ਵੱਡੀ ਪ੍ਰਸ਼ਾਸਕੀ ਅਤੇ ਅੰਕੜਾਤਮਕ ਅਭਿਆਸ ਏ। ਜਾਤ ਅਧਾਰਿਤ ਜਨਗਣਨਾ ਵੀ ਕੀਤੀ ਜਾਵੇਗੀ। ਸ਼੍ਰੀ ਵੈਸ਼ਨਵ ਨੇ ਕਿਹਾ ਕਿ ਇਹ ਪਹਿਲੀ ਡਿਜੀਟਲ ਜਨਗਣਨਾ ਹੋਵੇਗੀ। ਡੇਟਾ ਇਕੱਠਾ ਕਰਨਾ ਐਂਡਰਾਇਡ ਅਤੇ ਆਈ.ਓ.ਐਸ ਦੋਵਾਂ ਮੋਬਾਈਲ ਐਪਲੀਕੇਸ਼ਨਾਂ ਰਾਹੀਂ ਕੀਤਾ ਜਾਵੇਗਾ। ਸ਼੍ਰੀ ਵੈਸ਼ਨਵ ਨੇ ਕਿਹਾ ਕਿ ਜਨਗਣਨਾ ਦੇ ਕੰਮ ਲਈ 30 ਲੱਖ ਕਰਮਚਾਰੀ ਤਾਇਨਾਤ ਕੀਤੇ ਜਾਣਗੇ।

BYTE - ਅਸ਼ਵਨੀ ਵੈਸ਼ਨਵ

---------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬੇ ਨੂੰ ਨਿਵੇਸ਼ ਅਤੇ ਨਿਰਮਾਣ ਦੇ ਕੇਂਦਰ ਵਜੋਂ ਵਿਕਸਤ ਕਰਨ ਲਈ ਰਾਜ ਅਤੇ ਬਰਤਾਨੀਆ ਵਿਚਕਾਰ ਰਣਨੀਤਕ ਗੱਠਜੋੜ ਦੀ ਵਕਾਲਤ ਕੀਤੀ ਏ। ਚੰਡੀਗੜ੍ਹ ਵਿਖੇ ਬਰਤਾਨੀਆ ਹਾਈ ਕਮਿਸ਼ਨ ਦੇ ਡਿਪਟੀ ਹਾਈ ਕਮਿਸ਼ਨਰ ਐਲਬਾ ਸਮੈਰੀ-ਗਲੀਓ ਦੀ ਅਗਵਾਈ ਹੇਠ ਉੱਚ ਪੱਧਰੀ ਵਫ਼ਦ ਨਾਲ ਮੁਲਾਕਾਤ

ਦੌਰਾਨ ਮੁੱਖ ਮੰਤਰੀ ਨੇ ਵਪਾਰਕ ਭਾਈਵਾਲੀ ਨੂੰ ਹੋਰ ਮਜ਼ਬੂਤ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ ਅਤੇ ਇਸ ਦੌਰਾਨ ਦੋਵਾਂ ਧਿਰਾਂ ਨੇ ਆਪਸੀ ਸਬੰਧਾਂ ਨੂੰ ਹੋਰ ਮਜ਼ਬੂਤ ਕਰਨ ਲਈ ਦ੍ਰਿੜ੍ਹ ਵਚਨਬੱਧਤਾ ਪ੍ਰਗਟਾਈ।

ਭਗਵੰਤ ਸਿੰਘ ਮਾਨ ਨੇ ਮੋਹਾਲੀ ਨੂੰ ਵਿਸ਼ਵ ਪੱਧਰ 'ਤੇ ਬਿਹਤਰ ਢੰਗ ਨਾਲ ਸੰਗਠਿਤ ਸ਼ਹਿਰਾਂ ਵਿੱਚੋਂ ਇੱਕ ਦੱਸਿਆ ਅਤੇ ਨਿਰਮਾਣ ਖੇਤਰ ਵਿੱਚ ਇੱਕ ਪਾਵਰਹਾਊਸ ਵਜੋਂ ਉਭਰਨ ਪ੍ਰਤੀ ਪੰਜਾਬ ਦੀ ਅਥਾਹ ਸੰਭਾਵਨਾ 'ਤੇ ਜ਼ੋਰ ਦਿੱਤਾ। ਪੰਜਾਬ ਦੇ ਵਿਦਿਆਰਥੀਆਂ ਦੀ ਕਾਨੂੰਨੀ ਅਤੇ ਸੁਰੱਖਿਅਤ ਤਰੀਕਿਆਂ ਰਾਹੀਂ ਬਰਤਾਨੀਆ ਵਿੱਚ ਮੌਕੇ ਤਲਾਸ਼ਣ ਦੀ ਉਤਸੁਕਤਾ ਨੂੰ ਵੇਖਦਿਆਂ ਉਨ੍ਹਾਂ ਨੇ ਇਸ ਸਬੰਧੀ ਸੂਬਾ ਸਰਕਾਰ ਵੱਲੋਂ ਪੂਰਨ ਸਹਿਯੋਗ ਦਾ ਭਰੋਸਾ ਦਿੱਤਾ। ਮੁੱਖ ਮੰਤਰੀ ਨੇ ਵਫ਼ਦ ਨੂੰ ਦੱਸਿਆ ਕਿ ਪੰਜਾਬ ਦੇ ਮਜ਼ਬੂਤ ਨਿਵੇਸ਼ ਈਕੋਸਿਸਟਮ ਰਾਹੀਂ ਵਾਜਬ ਬਿਜਲੀ ਦਰਾਂ, ਸਹੂਲਤਾਂ ਅਤੇ ਨਿਵੇਸ਼ਕਾਂ ਲਈ ਢੁਕਵਾਂ ਮਾਹੌਲ ਪ੍ਰਦਾਨ ਕੀਤਾ ਜਾ ਰਿਹਾ ਏ ।

ਮੁੱਖ ਮੰਤਰੀ ਨੇ ਵਫ਼ਦ ਨੂੰ ਮਾਰਚ ਮਹੀਨੇ ਦੌਰਾਨ ਮੋਹਾਲੀ ਵਿਖੇ ਹੋਣ ਵਾਲੇ ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ ਵਿੱਚ ਹਿੱਸਾ ਲੈਣ ਦਾ ਸੱਦਾ

ਦਿੱਤਾ । ਇਸ ਦੌਰਾਨ ਬਰਤਾਨੀਆ ਡਿਪਟੀ ਹਾਈ ਕਮਿਸ਼ਨਰ ਨੇ ਪਰਵਾਸੀ ਪੰਜਾਬੀਆਂ ਦੀ ਸਮਰੱਥਾ ਅਤੇ ਉਨ੍ਹਾਂ ਕੋਲ ਜੱਦੀ ਧਰਤੀ 'ਤੇ ਨਿਵੇਸ਼ ਲਈ ਉਪਲਬਧ ਵਿਆਪਕ ਫੰਡਾਂ ਬਾਰੇ ਗੱਲ ਕੀਤੀ।

-------------------------------------------------------

ਪੰਜਾਬ ਵਿੱਚ ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀ ਦੀਆਂ 14 ਦਸੰਬਰ ਨੂੰ ਹੋਣ ਜਾ ਰਹੀਆਂ ਚੋਣਾਂ ਨੂੰ ਨਿਰਪੱਖ ਅਤੇ ਪਾਰਦਰਸ਼ੀ ਢੰਗ ਨਾਲ ਕਰਵਾਉਣ ਲਈ, ਚੋਣ ਕਮਿਸ਼ਨ ਪੂਰੀ ਤਰ੍ਹਾਂ ਵਚਨਬੱਧ ਏ । ਇਸ ਸਬੰਧੀ ਕਮਿਸ਼ਨ ਵੱਲੋਂ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਨੇ । ਕਮਿਸ਼ਨ ਵੱਲੋਂ ਚੋਣ ਲੜ ਰਹੇ ਉਮੀਦਵਾਰਾਂ ਅਤੇ ਆਮ ਜਨਤਾ ਨੂੰ ਸੂਚਿਤ ਕੀਤਾ ਗਿਆ ਏ ਕਿ ਕਮਿਸ਼ਨ ਵੱਲੋਂ ਸਾਰੇ ਜ਼ਿਲ੍ਹਿਆਂ ਵਿੱਚ ਆਈ.ਏ.ਐੱਸ.ਤੇ ਸੀਨੀਅਰ ਪੀ.ਸੀ.ਐੱਸ. ਅਧਿਕਾਰੀਆਂ ਨੂੰ ਬਤੌਰ "ਚੋਣ ਅਬਜ਼ਬਰ" ਨਿਯੁਕਤ ਕੀਤਾ ਗਿਆ ਏ , ਜੋ ਕਿ ਅੱਜ ਤੋਂ ਲੈਕੇ ਚੋਣ ਅਮਲ ਮੁਕੰਮਲ ਹੋਣ ਤੱਕ ਆਪੋ -ਆਪਣੇ ਜ਼ਿਲ੍ਹੇ ਵਿੱਚ ਮੌਜੂਦ ਰਹਿਣਗੇ ਅਤੇ ਲੋੜ ਮੁਤਾਬਿਕ ਰਾਜ ਚੋਣ ਕਮਿਸ਼ਨ ਨੂੰ ਇਹਨਾਂ ਚੋਣਾਂ ਸਬੰਧੀ ਸੂਚਿਤ ਕਰਦੇ ਰਹਿਣਗੇ। ਇਹਨਾਂ ਨਿਯੁਕਤ ਕੀਤੇ ਚੋਣ ਅਬਜ਼ਰਬਰਾਂ ਦੇ

ਵੇਰਵੇ ਚੋਣ ਕਮਿਸ਼ਨ ਦੀ ਵੈਬਸਾਈਟ -sec.punjab.gov.in ਤੇ ਉਪਲੱਬਧ ਹਨ। ਇਸ ਤੋਂ ਇਲਾਵਾ ਕਮਿਸ਼ਨ ਵੱਲੋਂ ਵੱਖ-ਵੱਖ ਜ਼ਿਲ੍ਹਿਆਂ ਪਟਿਆਲਾ, ਸੰਗਰੂਰ, ਬਰਨਾਲਾ, ਤਰਨਤਾਰਨ, ਰੂਪਨਗਰ, ਜਲੰਧਰ, ਕਪੂਰਥਲਾ ਅਤੇ ਮੋਗਾ  ਵਿੱਚ ਇਹਨਾਂ ਚੋਣਾਂ ਦੇ ਅਮਲ ਦੌਰਾਨ ਕਾਨੂੰਨ ਵਿਵਸਥਾ ਦੀ ਸਥਿਤੀ ਤੇ ਨਿਗਰਾਨੀ ਰੱਖਣ ਲਈ 6 ਸੀਨੀਅਰ ਆਈ.ਪੀ.ਐੱਸ. ਅਧਿਕਾਰੀਆਂ ਨੂੰ ਬਤੌਰ "ਪੁਲਿਸ ਆਬਜ਼ਰਬਰ" ਨਿਯੁਕਤ ਕੀਤਾ ਗਿਆ ਏ , ਜਿਨ੍ਹਾਂ ਦੇ ਵੇਰਵੇ ਸਬੰਧਤ ਡਿਪਟੀ ਕਮਿਸ਼ਨਰ ਦਫਤਰਾਂ ਵਿੱਚ ਉਪਲੱਬਧ ਹਨ। ਜੇਕਰ ਉਮੀਦਵਾਰ ਨੂੰ ਜ਼ਰੂਰਤ ਮਹਿਸੂਸ ਹੋਵੇ ਤਾਂ ਉਹ ਉਹਨਾਂ ਨਾਲ ਰਾਬਤਾ ਕਾਇਮ ਕਰ ਸਕਦਾ ਏ।

---

ਓਧਰ ਪੰਜਾਬ ਪੁਲਿਸ ਵੀ ਸੂਬੇ ਵਿੱਚ ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀ ਦੀਆਂ ਪਾਰਦਰਸ਼ੀ, ਨਿਰਪੱਖ ਅਤੇ ਸ਼ਾਂਤੀਪੂਰਨ ਚੋਣਾਂ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਤਿਆਰ ਏ। ਇਸੇ ਤਹਿਤ ਵੱਖ ਵੱਖ ਥਾਵਾਂ ਤੇ ਲੋਕਾਂ ਨੂੰ ਜਾਗਰੂਕ ਕਰਨ ਲਈ ਫਲੈਗ ਮਾਰਚ ਕਢੇ ਗਏ। ਗੁਰਦਾਸਪੁਰ

ਜ਼ਿਲੇ ਦੇ  ਐਸ.ਐਸ.ਪੀ ਆਦਿੱਤਿਆ ਨੇ ਚੋਣਾਂ ਸਬੰਧੀ ਪੁਲਿਸ ਬਲ ਨੂੰ ਦਿਸ਼ਾ-ਨਿਰਦੇਸ਼ ਜਾਰੀ ਕਰਦਿਆਂ ਕਿਹਾ ਕਿ ਗੁਰਦਾਸਪੁਰ ਵਿੱਚ ਲਗਭਗ 2,000 ਪੰਜਾਬ ਪੁਲਿਸ ਕਰਮਚਾਰੀ ਤਾਇਨਾਤ ਕੀਤੇ ਗਏ ਹਨ। ਸਖ਼ਤ ਸੁਰੱਖਿਆ ਪ੍ਰਬੰਧ ਕੀਤੇ ਗਏ ਹਨ, ਜਿਸ ਵਿੱਚ ਬਹੁਤ ਹੀ ਸੰਵੇਦਨਸ਼ੀਲ ਪੋਲਿੰਗ ਬੂਥ ਵੀ ਸ਼ਾਮਲ ਨੇ । ਲੋਕਾਂ ਨੂੰ ਬਿਨਾਂ ਕਿਸੇ ਡਰ ਦੇ ਵੋਟ ਪਾਉਣ ਦੀ ਅਪੀਲ ਕੀਤੀ   ।

BYTE:RNU121225

ਓਧਰ ਫਰੀਦਕੋਟ ਬਠਿੰਡਾ ਸਮੇਤ ਹੋਰਨਾਂ ਜ਼ਿਲਿਆਂ ਦੇ ਜਿਲ੍ਹਾ ਮੈਜਿਸਟਰੇਟਾਂ ਨੇ ਚੋਣਾਂ ਲੜ ਰਹੇ ਉਮੀਦਵਾਰਾਂ ਦੇ ਹੱਕ ਵਿੱਚ ਪ੍ਰਚਾਰ ਲਈ ਆਏ ਚੋਣ ਹਲਕੇ ਤੋਂ ਬਾਹਰਲੇ ਵਿਅਕਤੀ ਰਿਸ਼ਤੇਦਾਰਾਂ ਨੂੰ ਚੋਣ ਪ੍ਰਚਾਰ ਖਤਮ ਹੋਣ ਤੋਂ ਤੁਰੰਤ ਬਾਅਦ ਚੋਣਾਂ ਨਾਲ ਸਬੰਧਤ ਪਿੰਡਾਂ ਯਾਨੀ ਚੋਣ ਉਮੀਦਵਾਰ ਦੇ ਹਲਕੇ ਦੀ ਹਦੂਦ ਤੋਂ ਬਾਹਰ ਚਲੇ ਜਾਣ ਦੇ ਹੁਕਮ ਦਿੱਤੇ ਨੇ ।

-----------------------------------------------------------

ਅੰਮ੍ਰਿਤਸਰ ਦੇ ਕਈ ਸਕੂਲਾਂ ਨੂੰ ਈਮੇਲ ਰਾਹੀਂ ਬੰਬ ਦੀ ਧਮਕੀ ਮਿਲੀ,

ਜਿਸ ਕਾਰਨ ਅਧਿਕਾਰੀਆਂ ਅਤੇ ਮਾਪਿਆਂ ਵਿੱਚ ਦਹਿਸ਼ਤ ਫੈਲ ਗਈ। ਪੁਲਿਸ ਸੂਤਰਾਂ ਨੇ ਦੱਸਿਆ ਕਿ ਸਕੂਲਾਂ ਦੀ ਤਲਾਸ਼ੀ ਲਈ ਜਾ ਰਹੀ ਏ , ਪਰ ਅਜੇ ਤੱਕ ਕੁਝ ਵੀ ਬਰਾਮਦ ਨਹੀਂ ਹੋਇਆ। ਸਾਈਬਰ ਕ੍ਰਾਈਮ ਵਿਭਾਗ ਦੀਆਂ ਟੀਮਾਂ ਵੀ ਈਮੇਲ ਧਮਕੀਆਂ ਦੀ ਜਾਂਚ ਕਰ ਰਹੀਆਂ ਨੇ। ਅੰਮ੍ਰਿਤਸਰ ਦੇ ਸਹਾਇਕ ਡਿਪਟੀ ਕਮਿਸ਼ਨਰ ਆਫ਼ ਪੁਲਿਸ ਆਲਮ ਵਿਜੇ ਸਿੰਘ ਨੇ ਸੁਰੱਖਿਆ ਦਾ ਭਰੋਸਾ ਦਿੱਤਾ ਏ ਅਤੇ ਸਾਰਿਆਂ ਨੂੰ ਨਾ ਘਬਰਾਉਣ ਦੀ ਅਪੀਲ ਕੀਤੀ ਏ। ਜ਼ਿਲ੍ਹਾ ਸਿੱਖਿਆ ਅਧਿਕਾਰੀ ਰਾਜੇਸ਼ ਸ਼ਰਮਾ ਨੇ ਸਾਡੇ ਪੱਤਰਕਾਰ ਨੂੰ ਦੱਸਿਆ ਕਿ ਵਿਦਿਆਰਥੀਆਂ ਨੂੰ ਘਰ ਭੇਜੇ ਜਾਣ ਤੋਂ ਬਾਅਦ ਸਾਰੇ ਨਿੱਜੀ ਅਤੇ ਸਰਕਾਰੀ ਸਕੂਲ ਬੰਦ ਕਰ ਦਿੱਤੇ ਗਏ । ਇਸ ਬਾਰੇ ਵੇਰਵੇ ਸਾਂਝੇ ਕਰਦਿਆਂ ਅੰਮ੍ਰਿਤਸਰ ਦੇ ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਦਸਿਆ।

BYTE:RNU121225

---------------------------------------------------

ਕਾਂਗਰਸ ਦੇ ਸੀਨੀਅਰ ਨੇਤਾ ਅਤੇ ਸਾਬਕਾ ਕੇਂਦਰੀ ਗ੍ਰਹਿ ਮੰਤਰੀ ਸ਼ਿਵਰਾਜ ਪਾਟਿਲ ਦਾ ਅੱਜ ਲਾਤੂਰ ਵਿੱਚ ਦੇਹਾਂਤ ਹੋ ਗਿਆ। ਉਹ 91

ਸਾਲ ਦੇ ਸਨ। ਸ਼੍ਰੀ ਪਾਟਿਲ ਨੇ ਅੱਜ ਸਵੇਰੇ ਸਾਢੇ 6 ਵਜੇ ਆਪਣੇ ਨਿਵਾਸ ਸਥਾਨ 'ਤੇ ਆਖਰੀ ਸਾਹ ਲਿਆ। ਆਪਣੇ ਲੰਬੇ ਰਾਜਨੀਤਿਕ ਸਫ਼ਰ ਦੌਰਾਨ, ਸ਼੍ਰੀ ਪਾਟਿਲ ਨੇ ਲੋਕ ਸਭਾ ਦੇ ਸਪੀਕਰ ਅਤੇ ਕੇਂਦਰ ਸਰਕਾਰ ਵਿੱਚ ਕਈ ਮਹੱਤਵਪੂਰਨ ਵਿਭਾਗਾਂ ਸਮੇਤ ਕਈ ਮਹੱਤਵਪੂਰਨ ਅਹੁਦਿਆਂ 'ਤੇ ਕੰਮ ਕੀਤਾ। ਉਹ ਲਾਤੂਰ ਹਲਕੇ ਤੋਂ ਸੱਤ ਵਾਰ ਲੋਕ ਸਭਾ ਲਈ ਚੁਣੇ ਗਏ ਸਨ। ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਪ੍ਰਧਾਨ ਮੰਤਰੀ ਨਰੇਂਦਰ  ਮੋਦੀ ਅਤੇ ਲੋਕ ਸਭਾ ਸਪੀਕਰ ਓਮ ਬਿਰਲਾ ਨੇ ਸਾਬਕਾ ਕੇਂਦਰੀ ਮੰਤਰੀ ਸ਼ਿਵਰਾਜ ਪਾਟਿਲ ਦੇ ਦੇਹਾਂਤ 'ਤੇ ਸੋਗ ਪ੍ਰਗਟ ਕੀਤਾ ਏ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਰਾਸ਼ਟਰਪਤੀ ਨੇ ਕਿਹਾ ਕਿ ਸ਼੍ਰੀ ਪਾਟਿਲ ਨੇ ਲੋਕ ਸਭਾ ਦੇ ਸਪੀਕਰ, ਇੱਕ ਕੇਂਦਰੀ ਮੰਤਰੀ, ਇੱਕ ਰਾਜਪਾਲ ਅਤੇ ਇੱਕ ਸੰਸਦ ਮੈਂਬਰ ਸਮੇਤ ਕਈ ਮਹੱਤਵਪੂਰਨ ਅਹੁਦਿਆਂ 'ਤੇ ਕੰਮ ਕੀਤਾ। ਇਸ ਦੌਰਾਨ, ਸੋਸ਼ਲ ਮੀਡੀਆ 'ਤੇ, ਪ੍ਰਧਾਨ ਮੰਤਰੀ ਨੇ ਕਿਹਾ ਕਿ ਸ਼੍ਰੀ ਪਾਟਿਲ ਇੱਕ ਤਜਰਬੇਕਾਰ ਨੇਤਾ ਸਨ ਜਿਨ੍ਹਾਂ ਨੇ ਵਿਧਾਇਕ, ਸੰਸਦ ਮੈਂਬਰ, ਮਹਾਰਾਸ਼ਟਰ ਵਿਧਾਨ ਸਭਾ ਦੇ ਸਪੀਕਰ ਅਤੇ ਲੋਕ ਸਭਾ ਦੇ ਸਪੀਕਰ ਵਜੋਂ ਸੇਵਾ ਨਿਭਾਈ। ਉਨ੍ਹਾਂ ਕਿਹਾ ਕਿ

ਸਵਰਗੀ ਸਾਬਕਾ ਕੇਂਦਰੀ ਮੰਤਰੀ, ਸਮਾਜ ਭਲਾਈ ਵਿੱਚ ਯੋਗਦਾਨ ਪਾਉਣ ਲਈ ਬਹੁਤ ਸਮਰਪਿਤ ਸਨ। ਲੋਕ ਸਭਾ ਸਪੀਕਰ ਓਮ ਬਿਰਲਾ ਨੇ ਕਿਹਾ ਕਿ ਸ਼੍ਰੀ ਪਾਟਿਲ ਦਾ ਦੇਹਾਂਤ, ਦੇਸ਼ ਦੇ ਜਨਤਕ ਅਤੇ ਸੰਸਦੀ ਜੀਵਨ ਲਈ ਇੱਕ ਵੱਡਾ ਘਾਟਾ ਏ । ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਅਤੇ ਪੰਜਾਬ ਦੇ ਸਾਬਕਾ ਰਾਜਪਾਲ ਸ਼ਿਵਰਾਜ ਪਾਟਿਲ ਦੇ ਦੇਹਾਂਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਸ਼ਿਵਰਾਜ ਪਾਟਿਲ ਨੇ ਲਗਨ ਅਤੇ ਸਮਰਪਣ ਨਾਲ ਦੇਸ਼ ਦੀ ਸੇਵਾ ਕੀਤੀ ਅਤੇ ਜਨਤਕ ਸੇਵਾ ਪ੍ਰਤੀ ਉਨ੍ਹਾਂ ਦੇ ਯੋਗਦਾਨ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ। ਸ਼ਿਵਰਾਜ ਪਾਟਿਲ ਦਾ ਅੰਤਿਮ ਸੰਸਕਾਰ ਕੱਲ੍ਹ ਸਵੇਰੇ 11 ਵਜੇ ਮਹਾਰਾਸ਼ਟਰ ਦੇ ਲਾਤੂਰ ਵਿੱਚ ਕੀਤਾ ਜਾਵੇਗਾ ।

---------------------------------------------------------------

ਚੰਡੀਗੜ੍ਹ ਦਾ ਵਿਸ਼ਵ-ਪ੍ਰਸਿੱਧ ਸੈਰ-ਸਪਾਟਾ ਸਥਾਨ, ਰੌਕ ਗਾਰਡਨ, 1984 ਵਿੱਚ ਪਦਮ ਸ਼੍ਰੀ ਸਵਰਗੀ ਨੇਕ ਚੰਦ ਦੁਆਰਾ ਬਣਾਇਆ ਗਿਆ ਸੀ। ਉਨ੍ਹਾਂ ਦੀ ਜਨਮ ਵਰ੍ਹੇਗੰਢ ਹਰ ਸਾਲ 15 ਦਸੰਬਰ ਨੂੰ ਮਨਾਈ ਜਾਂਦੀ

ਏ । ਇਸ ਸਾਲ, ਉਨ੍ਹਾਂ ਦੀ 101ਵੀਂ ਜਨਮ ਵਰ੍ਹੇਗੰਢ ਮੌਕੇ ਵਿਸ਼ੇਸ਼ ਪ੍ਰੋਗਰਾਮ ਚੰਡੀਗੜ੍ਹ ਰੌਕ ਗਾਰਡਨ ਸੋਸਾਇਟੀ ਵਲੋਂ ਵਿਸ਼ੇਸ਼ ਤੌਰ 'ਤੇ ਆਯੋਜਿਤ ਕੀਤਾ ਜਾ ਰਿਹਾ ਏ । ਇਸ ਨੂੰ ਮਨਾਉਣ ਲਈ, ਇਹ ਜਸ਼ਨ ਕੱਲ 13 ਦਸੰਬਰ ਨੂੰ ਰੌਕ ਗਾਰਡਨ ਦੇ ਨੇਕ ਚੰਦ ਮੈਮੋਰੀਅਲ ਵਿਖੇ ਕਮੇਟੀ ਮੈਂਬਰਾਂ ਦੀ ਮੌਜੂਦਗੀ ਵਿੱਚ ਸ਼ੁਰੂ ਹੋਣਗੇ, ਅਤੇ 15 ਦਸੰਬਰ ਤੱਕ ਜਾਰੀ ਰਹਿਣਗੇ। ਸਮਾਰੋਹ ਵਿੱਚ ਦੇਸ਼ ਦੇ ਵੱਖ-ਵੱਖ ਖੇਤਰਾਂ ਦੇ ਕਲਾਕਾਰਾਂ ਦੇ ਵੱਖ-ਵੱਖ ਸੰਗੀਤਕ ਪ੍ਰਦਰਸ਼ਨ ਅਤੇ ਲੋਕ-ਸੱਭਿਆਚਾਰਕ ਪ੍ਰੋਗਰਾਮ ਸ਼ਾਮਲ ਹੋਣਗੇ । 13 ਅਤੇ 14 ਦਸੰਬਰ ਨੂੰ, ਸੈਰ-ਸਪਾਟਾ ਵਿਭਾਗ, ਚੰਡੀਗੜ੍ਹ ਪ੍ਰਸ਼ਾਸਨ ਫੇਜ਼-3 ਵਿੱਚ ਆਮ ਲੋਕਾਂ ਲਈ ਵਿਸ਼ੇਸ਼ ਸੰਗੀਤਕ ਪ੍ਰੋਗਰਾਮਾਂ ਦਾ ਆਯੋਜਨ ਕਰੇਗਾ। ਇਹ ਤਿੰਨ ਦਿਨਾਂ ਸਮਾਰੋਹ ਰੌਕ ਗਾਰਡਨ ਸੋਸਾਇਟੀ ਵੱਲੋਂ ਚੰਡੀਗੜ੍ਹ ਸੈਰ-ਸਪਾਟਾ ਵਿਭਾਗ ਅਤੇ ਉੱਤਰੀ ਜ਼ੋਨ ਸੱਭਿਆਚਾਰਕ ਕੇਂਦਰ ਦੇ ਤਾਲਮੇਲ ਨਾਲ ਆਯੋਜਿਤ ਕੀਤਾ ਜਾਵੇਗਾ।

---------------------------------------------------------------------

ਬਠਿੰਡਾ ਵਿਖੇ ਸ਼ਹੀਦ ਨੰਦ ਸਿੰਘ ਦੀ ਸ਼ਹਾਦਤ ਨੂੰ ਯਾਦ ਕਰਦਿਆਂ,ਫੌਜੀ

ਚੌਂਕ ਵਿਖੇ ਉਨ੍ਹਾਂ ਦੀ ਸ਼ਹਾਦਤ ਨੂੰ ਯਾਦ ਕਰਦਿਆਂ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫਤਰ ਵੱਲੋਂ ਸ਼ਰਧਾ ਦੇ ਫੁੱਲ ਭੇਂਟ ਕੀਤੇ ਗਏ। ਜਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫਸਰ ਸੇਵਾਮੁਕਤ ਦਿਲਪ੍ਰੀਤ ਸਿੰਘ ਕੰਗ ਨੇ ਦੱਸਿਆ ਕਿ ਸ਼ਹੀਦ ਨੰਦ ਸਿੰਘ ਦਾ ਜਨਮ ਜ਼ਿਲ੍ਹਾ ਮਾਨਸਾ ਦੇ ਪਿੰਡ ਬਹਾਦਰਪੁਰ (ਬਰੇਟਾ) ਵਿਖੇ ਹੋਇਆ। ਉਹ 19 ਸਾਲਾਂ ਦੀ ਉਮਰ ਵਿੱਚ ਭਾਰਤੀ ਸੈਨਾ ਦੀ ਸਿੱਖ ਰੈਜੀਮੈਂਟ ਪਹਿਲੀ ਬਟਾਲੀਅਨ ਵਿੱਚ ਭਰਤੀ ਹੋਏ। ਉਨ੍ਹਾਂ ਨੇ ਦੂਸਰੇ ਮਹਾਂ ਯੁਧ ਵਿੱਚ ਜਖਮੀ ਹਾਲਤ ਵਿੱਚ ਵੀ ਹਿੰਮਤ ਨਾ ਹਾਰਦਿਆਂ ਅਤੇ ਜਪਾਨੀਆਂ ਦੇ ਨਾਲ ਮੁਕਾਬਲਾ ਕਰਦੇ ਹੋਏ ਵੱਡੀ ਗਿਣਤੀ ਵਿੱਚ ਦੁਸ਼ਮਣਾਂ ਨੂੰ ਮੌਤ ਦੇ ਘਾਟ ਉਤਾਰ ਕੇ ਉਨ੍ਹਾਂ ਦੇ ਮੋਰਚੇ ’ਤੇ ਕਬਜਾ ਕੀਤਾ, ਜਿਸ ਲਈ ਇਨ੍ਹਾਂ ਨੂੰ ਸਰਬਉੱਤਮ ਪੁਰਸਕਾਰ ਵਿਕਟੋਰੀਆ ਕਰਾਸ ਨਾਲ ਸਨਮਾਨਿਤ ਕੀਤਾ ਗਿਆ। ਜ਼ਿਕਰਯੋਗ ਏ ਕਿ ਪਟਿਆਲਾ ਦੇ ਮਹਾਰਾਜਾ ਭਲਇੰਦਰ ਸਿੰਘ ਸ਼ਹੀਦ ਨੰਦ ਸਿੰਘ ਨੂੰ ਸਨਮਾਨਿਤ ਕਰਨ ਲਈ ਪਿੰਡ ਬਹਾਦਰਪੁਰ ਵਿਖੇ ਆਏ ਸਨ ਅਤੇ ਉਨ੍ਹਾਂ ਵੱਲੋਂ ਆਪਣੇ ਪੁਰਖਿਆਂ ਦੀ ਨਿਸ਼ਾਨੀ ਤਲਵਾਰ ਦੇ ਕੇ ਸਨਮਾਨਿਤ ਕੀਤਾ ਗਿਆ ਸੀ। ਬਠਿੰਡਾ ਵਿਖੇ ਇਨ੍ਹਾਂ ਦੀ ਯਾਦ ਵਿੱਚ ਚੌਂਕ ’ਤੇ ਬੁੱਤ

ਲਗਾਇਆ ਗਿਆ ਏ , ਜਿਸ ਨੂੰ ਫੌਜੀ ਚੌਂਕ ਕਿਹਾ ਜਾਂਦਾ ਹੈ। ਬਰੇਟਾ ਦੇ ਬੱਸ ਸਟੈਂਡ ਦਾ ਨਾਮ ਨੰਦ ਸਿੰਘ ਵਿਕਟੋਰੀਆ ਬੱਸ ਸਟੈਂਡ ਏ।   ਇਸ ਬਹਾਦਰ ਸਪੂਤ ਦੀ ਯਾਦ ਵਿੱਚ 1956 ਵਿੱਚ ਮੇਰਠ ਛਾਉਣੀ ਵਿੱਚ ਇੱਕ ਸਟੇਡੀਅਮ ਵੀ ਬਣਾਇਆ ਗਿਆ ਸੀ।

-----------------------------------------------------

ਮਰਦਾਂ ਦੇ ਅੰਡਰ-19 ਕ੍ਰਿਕਟ ਏਸ਼ੀਆ ਕੱਪ ਵਿੱਚ, ਅੱਜ ਦੁਬਈ 'ਚ ਭਾਰਤ ਨੇ ਪਹਿਲੇ ਮੈਚ ਵਿੱਚ ਸੰਯੁਕਤ ਅਰਬ ਅਮੀਰਾਤ, UAE ਨੂੰ 234 ਦੌੜਾਂ ਨਾਲ ਹਰਾਇਆ. 434 ਦੌੜਾਂ ਦੇ ਟੀਚੇ ਦਾ ਪਿੱਛਾ ਕਰਦਿਆਂ, UAE, 50 ਓਵਰਾਂ ਵਿੱਚ 7 ਵਿਕਟਾਂ 'ਤੇ ਸਿਰਫ਼ 199 ਦੌੜਾਂ ਹੀ ਬਣਾ ਸਕਿਆ। ਭਾਰਤ ਨੇ 50 ਓਵਰਾਂ ਵਿੱਚ 6 ਵਿਕਟਾਂ 'ਤੇ 433 ਦੌੜਾਂ ਦਾ ਵਿਸ਼ਾਲ ਸਕੋਰ ਬਣਾਇਆ, ਜਿਸ ਵਿੱਚ ਵੈਭਵ ਸੂਰਿਆਵੰਸ਼ੀ ਨੇ ਸਿਰਫ਼ 95 ਗੇਂਦਾਂ ਵਿੱਚ, ਸ਼ਾਨਦਾਰ 171 ਦੌੜਾਂ ਬਣਾਈਆਂ। ਇਸ ਤੋਂ ਪਹਿਲਾਂ, UAE ਨੇ ਟਾਸ ਜਿੱਤ ਕੇ, ਗੇਂਦਬਾਜ਼ੀ ਕਰਨ ਦਾ ਫੈਸਲਾ ਕੀਤਾ।

-----------------------------------------------------

- ਕੇਂਦਰੀ ਮੰਤਰੀ ਮੰਡਲ ਨੇ 2027 ਦੀ ਜਨਗਣਨਾ ਲਈ 11 ਹਜ਼ਾਰ 718 ਕਰੋੜ ਦੇ ਬਜਟ ਨੂੰ ਮਨਜ਼ੂਰੀ ਦੇ ਦਿੱਤੀ ਏ।

- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬੇ ਨੂੰ ਨਿਵੇਸ਼ ਅਤੇ ਨਿਰਮਾਣ ਦੇ ਕੇਂਦਰ ਵਜੋਂ ਵਿਕਸਤ ਕਰਨ ਲਈ ਪੰਜਾਬ ਅਤੇ ਇੰਗਲੈਂਡ ਵਿਚਕਾਰ ਰਣਨੀਤਕ ਗੱਠਜੋੜ ਦੀ ਹਿਮਾਇਤ ਕੀਤੀ ਏ।

- ਪੰਜਾਬ ਚੋਣ ਕਮਿਸ਼ਨ ਨੇ ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀ ਚੋਣਾਂ ਨੂੰ ਨਿਰਪੱਖ ਅਤੇ ਪਾਰਦਰਸ਼ੀ ਢੰਗ ਨਾਲ ਕਰਵਾਉਣ ਲਈ IAS ਤੇ ਸੀਨੀਅਰ PCS ਅਧਿਕਾਰੀਆਂ ਨੂੰ ਚੋਣ ਅਬਜ਼ਰਵਰ ਨਿਯੁਕਤ ਕੀਤਾ।

- ਅੰਮ੍ਰਿਤਸਰ ਦੇ ਕਈ ਸਕੂਲਾਂ ਨੂੰ ਈਮੇਲ ਰਾਹੀਂ ਬੰਬ ਧਮਕੀਆਂ ਮਿਲਣ ਦੇ ਮੱਦੇਨਜ਼ਰ, ਪੁਲਿਸ ਕਮਿਸ਼ਨਰ ਨੇ ਸੁਰੱਖਿਆ ਨੂੰ ਯਕੀਨੀ ਬਣਾਉਂਦੇ ਹੋਏ, ਸਾਰਿਆਂ ਨੂੰ ਨਾ ਘਬਰਾਉਣ ਦੀ ਅਪੀਲ ਕੀਤੀ।

- ਕਾਂਗਰਸ ਦੇ ਸੀਨੀਅਰ ਨੇਤਾ ਅਤੇ ਸਾਬਕਾ ਕੇਂਦਰੀ ਮੰਤਰੀ ਸ਼ਿਵਰਾਜ ਪਾਟਿਲ ਦਾ ਦੇਹਾਂਤ -ਰਾਸ਼ਟਰਪਤੀ ਅਤੇ ਪ੍ਰਧਾਨ ਮੰਤਰੀ ਨੇ ਉਨ੍ਹਾਂ ਦੇ ਦੇਹਾਂਤ 'ਤੇ ਅਫ਼ਸੋਸ ਪ੍ਰਗਟ ਕੀਤਾ। ਅਤੇ

- ਭਾਰਤ ਨੇ ਮਰਦਾਂ ਦੇ ਅੰਡਰ 19 ਕ੍ਰਿਕਟ ਏਸ਼ੀਆ ਕੱਪ ਦੇ ਪਹਿਲੇ ਮੈਚ ਵਿੱਚ, ਸੰਯੁਕਤ ਅਰਬ ਅਮੀਰਾਤ ਨੂੰ 234 ਦੌੜਾਂ ਨਾਲ ਹਰਾਇਆ।

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**